# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ




## ਬਾਬਾ ਨਾਮਦੇਵ ਲੰਗਰ ਵੈਲਫੇਅਰ ਐਂਡ ਯੂਥ ਸਪੋਰਟਸ ਸੁਸਾਇਟੀ ਵੱਲੋਂ ਨਿਸ਼ਾਨ ਸਾਹਿਬ ਦੀ ਸੇਵਾ ਲਈ ਚੈੱਕ ਭੇਟ

### ਬਾਬਾ ਨਾਮਦੇਵ ਲੰਗਰ ਵੈਲਫੇਅਰ ਐਂਡ ਯੂਥ ਸਪੋਰਟਸ ਸੁਸਾਇਟੀ ਦੇ ਅਹੁਦੇਦਾਰ ਤੇ ਮੈਂਬਰ ਸਨਮਾਨਿਤ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 8 ਜੁਲਾਈ : ਹਫ਼ਤਾਵਾਰੀ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਉਪਰੰਤ ਬਾਬਾ ਨਾਮਦੇਵ ਲੰਗਰ ਵੈਲਫੇਅਰ ਐਂਡ ਯੂਥ ਸਪੋਰਟਸ ਸੁਸਾਇਟੀ (ਰਜਿ.) ਕੋਟਕਪੂਰਾ ਦੇ ਪ੍ਰਧਾਨ ਜਸਕਰਨ ਸਿੰਘ, ਸੈਕਟਰੀ ਹਰਦੀਪ ਸਿੰਘ, ਕੈਸ਼ੀਅਰ ਬਰਜਿੰਦਰ ਸਿੰਘ, ਗੁਰਪ੍ਰੀਤ ਸਿੰਘ ਕਾਲਾ ਅਤੇ ਹੋਰ ਸਮੂਹ ਮੈਂਬਰਾਂ ਵੱਲੋਂ ਬਾਬਾ ਨਾਮਦੇਵ ਭਵਨ ਵਿਖੇ ਨਿਸ਼ਾਨ ਸਾਹਿਬ ਉਪਰ ਪੱਥਰ ਲਗਵਾਉਣ ਦੀ ਸੇਵਾ ਲਈ ਭਗਤ ਨਾਮਦੇਵ ਸਭਾ ਸੁਸਾਇਟੀ (ਰਜਿ.) ਕੋਟਕਪੂਰਾ ਦੇ ਪ੍ਰਧਾਨ ਸ਼ਰਨਜੀਤ ਸਿੰਘ ਮੂਕਰ ਨੂੰ ਚੈੱਕ ਭੇਟ ਕੀਤਾ ਗਿਆ। ਚੈੱਕ ਪ੍ਰਾਪਤ ਕਰਨ ਉਪਰੰਤ ਭਗਤ ਨਾਮਦੇਵ ਸਭਾ ਦੇ ਪ੍ਰਧਾਨ ਸ਼ਰਨਜੀਤ ਸਿੰਘ ਮੂਕਰ ਨੇ ਬਾਬਾ ਨਾਮਦੇਵ ਲੰਗਰ ਵੈਲਫੇਅਰ ਐਂਡ ਯੂਥ ਸਪੋਰਟਸ ਸੁਸਾਇਟੀ ਦੇ ਨੌਜਵਾਨਾਂ ਦੀਆਂ ਸੇਵਾਵਾਂ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਉਹਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਬਾਬਾ ਨਾਮਦੇਵ ਲੰਗਰ ਵੈਲਫੇਅਰ ਐਂਡ ਯੂਥ ਸਪੋਰਟਸ ਸੁਸਾਇਟੀ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਉਹਨਾਂ ਦੀਆਂ ਨਿਰੰਤਰ ਧਾਰਮਿਕ ਅਤੇ ਸਮਾਜਸੇਵਾ ਦੀਆਂ ਗਤੀਵਿਧੀਆਂ ਲਈ ਸਨਮਾਨਿਤ ਵੀ ਕੀਤਾ ਗਿਆ। ਪ੍ਰਧਾਨ ਸ਼ਰਨਜੀਤ ਸਿੰਘ ਮੂਕਰ ਨੇ ਦੱਸਿਆ ਕਿ ਬਾਬਾ ਨਾਮਦੇਵ ਲੰਗਰ ਵੈਲਫੇਅਰ ਐਂਡ ਯੂਥ ਸਪੋਰਟਸ ਸੁਸਾਇਟੀ ਦੇ ਮੈਂਬਰ ਪਿਛਲੇ ਕਰੀਬ 30 ਸਾਲਾਂ ਤੋਂ ਬਾਬਾ ਨਾਮਦੇਵ ਜੀ ਦੇ ਤਪ ਅਸਥਾਨ ਘੁਮਾਣ ਵਿਖੇ ਲੰਗਰ ਦੀ ਨਿਰੰਤਰ ਸੇਵਾ ਨਿਭਾਅ ਰਹੇ ਹਨ। ਉਹਨਾਂ ਦੱਸਿਆ ਕਿ ਸੁਸਾਇਟੀ ਵੱਲੋਂ ਧਾਰਮਿਕ, ਸਮਾਜਿਕ ਅਤੇ ਲੋਕ ਭਲਾਈ ਦੇ ਕਾਰਜਾਂ ਵਿੱਚ ਵੀ ਵਧ-ਚੜ੍ਹ ਕੇ ਯੋਗਦਾਨ ਪਾਇਆ ਜਾ ਰਿਹਾ ਹੈ, ਜਿਸ ਦੀ ਇਲਾਕੇ ਵਿੱਚ ਭਰਪੂਰ ਸ਼ਲਾਘਾ ਹੋ ਰਹੀ ਹੈ। ਇਸ ਮੋਕੇ ਉਪਰੋਕਤ ਤੋਂ ਇਲਾਵਾ ਉੱਘੇ ਸਮਾਜਸੇਵੀ ਗੁਰਦਰਸ਼ਨ ਸਿੰਘ ਕਾਲਜੀਏਟ ਸਮੇਤ ਅਰੁਣਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਬਲਵਿੰਦਰ ਸਿੰਘ, ਮਨਦੀਪ ਸਿੰਘ, ਮਿੰਟੂ ਪੁਰਬਾ, ਸੈਮ ਪੁਰਬਾ, ਜਸਮੇਲ ਸਿੰਘ, ਜਗਦੇਵ ਸਿੰਘ, ਗੁਰਪ੍ਰੀਤ ਸਿੰਘ ਕਮੋਅ, ਸੰਦੀਪ ਸਿੰਘ ਆਦਿ ਵੀ ਹਾਜਰ ਸਨ।

## ਸੀ.ਐਮ. ਦੀ ਯੋਗਸ਼ਾਲਾ ਨੂੰ ਮਿਲ ਰਿਹਾ ਲੋਕਾਂ ਦਾ ਭਰਵਾਂ ਹੁੰਗਾਰਾ, ਨਿਯਮਿਤ ਯੋਗ ਨਾਲ ਸਿਹਤ ਵਿੱਚ ਆ ਰਿਹਾ ਸੁਧਾਰ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 8 ਜੁਲਾਈ:ਪੰਜਾਬ ਸਰਕਾਰ ਦੀ ਸੀ.ਐਮ. ਦੀ ਯੋਗਸ਼ਾਲਾ ਮੁਹਿੰਮ ਤਹਿਤ ਜ਼ਿਲ੍ਹਾ ਪਟਿਆਲਾ ਦੇ ਸੈਂਟਰਲ ਬਲਾਕ ਪਾਰਕ, ਪੀ.ਐਨ.ਬੀ. ਬਲਾਕ ਵਿਖੇ ਚੱਲ ਰਹੀਆਂ ਮੁਫ਼ਤ ਯੋਗ ਕਲਾਸਾਂ ਨੂੰ ਇਲਾਕਾ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਸੀ.ਐਮ. ਦੀ ਯੋਗਸ਼ਾਲਾ ਦੀ ਜ਼ਿਲ੍ਹਾ ਕੋਆਰਡੀਨੇਟਰ ਰਮਨਜੀਤ ਕੌਰ ਨੇ ਇਸ ਦਾ ਨਿਰੀਖਣ ਕਰਦਿਆ ਦੱਸਿਆ ਕਿ ਇਨ੍ਹਾਂ ਕਲਾਸਾਂ ਵਿੱਚ ਸ਼ਾਮਲ ਹੋਣ ਵਾਲੇ ਲੋਕ ਨਿਯਮਿਤ ਯੋਗ ਅਭਿਆਸ ਨਾਲ ਸਰੀਰਕ ਅਤੇ ਮਾਨਸਿਕ ਸਿਹਤ ਵਿੱਚ ਆ ਰਹੇ ਸਕਾਰਾਤਮਕ ਬਦਲਾਅ ਨੂੰ ਮਹਿਸੂਸ ਕਰ ਰਹੇ ਹਨ।




ਯੋਗ ਟ੍ਰੇਨਰ ਕਾਜਲ ਰਾਣੀ ਨੇ ਦੱਸਿਆ ਕਿ ਅਜੋਕੇ ਰੁਝੇਵੇਂ ਭਰੇ ਜੀਵਨ, ਗਲਤ ਖਾਣ-ਪੀਣ ਦੀਆਂ ਆਦਤਾਂ ਅਤੇ ਤਣਾਅ ਕਾਰਨ ਕਈ ਸਰੀਰਕ ਅਤੇ ਮਾਨਸਿਕ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਿਯਮਿਤ ਯੋਗ ਕਰਨ ਨਾਲ ਇਕਾਗਰਤਾ ਵਧਦੀ ਹੈ, ਮਨ ਨੂੰ ਸ਼ਾਂਤੀ ਮਿਲਦੀ ਹੈ, ਤਣਾਅ ਘਟਦਾ ਹੈ ਅਤੇ ਸਰੀਰ ਵਿੱਚ ਨਵੀਂ ਊਰਜਾ ਦਾ ਸੰਚਾਰ ਹੁੰਦਾ ਹੈ। ਉਨ੍ਹਾਂ ਅਨੁਸਾਰ ਯੋਗ ਵਿਅਕਤੀ ਦੀ ਸਮੁੱਚੀ ਸ਼ਖ਼ਸੀਅਤ ਦੇ ਵਿਕਾਸ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ।

ਯੋਗ ਕਲਾਸਾਂ ਵਿੱਚ ਸ਼ਾਮਲ ਹੋਣ ਵਾਲੀ ਦਰਸ਼ਨਾਂ ਨੇ ਆਪਣਾ ਤਜ਼ਰਬਾ ਸਾਂਝਾ ਕਰਦਿਆਂ ਦੱਸਿਆ ਕਿ ਉਹ ਪਹਿਲਾਂ ਸ਼ੂਗਰ ਅਤੇ ਵਧੇ ਹੋਏ ਵਜ਼ਨ ਕਾਰਨ ਕਾਫ਼ੀ ਪ੍ਰੇਸ਼ਾਨ ਰਹਿੰਦੇ ਸਨ। ਹਰ ਸਮੇਂ ਥਕਾਵਟ ਰਹਿੰਦੀ ਸੀ ਅਤੇ ਰੋਜ਼ਾਨਾ ਦੇ ਕੰਮ ਕਰਨ ਵਿੱਚ ਵੀ ਮੁਸ਼ਕਲ ਆਉਂਦੀ ਸੀ। ਪਰ ਨਿਯਮਿਤ ਯੋਗ ਕਰਨ ਨਾਲ ਉਨ੍ਹਾਂ ਦੀ ਸ਼ੂਗਰ ਕਾਫ਼ੀ ਹੱਦ ਤੱਕ ਕਾਬੂ ਵਿੱਚ ਆ ਗਈ ਹੈ, ਵਜ਼ਨ ਵੀ ਘਟਿਆ ਹੈ ਅਤੇ ਹੁਣ ਉਹ ਆਪਣੇ ਆਪ ਨੂੰ ਪਹਿਲਾਂ ਨਾਲੋਂ ਵੱਧ ਤੰਦਰੁਸਤ, ਫੁਰਤੀਲਾ ਅਤੇ ਊਰਜਾਵਾਨ ਮਹਿਸੂਸ ਕਰਦੇ ਹਨ। ਉਨ੍ਹਾਂ ਕਿਹਾ ਕਿ ਯੋਗ ਨੇ ਨਾ ਸਿਰਫ਼ ਉਨ੍ਹਾਂ ਦੀ ਸਰੀਰਕ ਸਿਹਤ ਵਿੱਚ ਸੁਧਾਰ ਕੀਤਾ ਹੈ, ਸਗੋਂ ਮਾਨਸਿਕ ਤੌਰ 'ਤੇ ਵੀ ਮਜ਼ਬੂਤ ਬਣਾਇਆ ਹੈ। ਉਨ੍ਹਾਂ ਹਰ ਕਿਸੇ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਯੋਗ ਨੂੰ ਸ਼ਾਮਲ ਕਰਨ ਦੀ ਅਪੀਲ ਕਰਦਿਆਂ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਸੀ.ਐਮ. ਦੀ ਯੋਗਸ਼ਾਲਾ ਦੀ ਜ਼ਿਲ੍ਹਾ ਕੋਆਰਡੀਨੇਟਰ ਰਮਨਜੀਤ ਕੌਰ ਨੇ ਦੱਸਿਆ ਕਿ ਜਿਹੜੇ ਨਾਗਰਿਕ ਆਪਣੇ ਮੁਹੱਲੇ ਵਿੱਚ ਯੋਗਸ਼ਾਲਾ ਸ਼ੁਰੂ ਕਰਵਾਉਣਾ ਚਾਹੁੰਦੇ ਹਨ, ਉਹ 25 ਵਿਅਕਤੀਆਂ ਦਾ ਸਮੂਹ ਬਣਾਕੇ ਟੋਲ-ਫ੍ਰੀ ਨੰਬਰ 76694-00500 'ਤੇ ਮਿਸ ਕਾਲ ਦੇ ਸਕਦੇ ਹਨ ਜਾਂ https://cmdiyogshala.punjab.gov.in 'ਤੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

## ਗ਼ਜ਼ਲ

ਵਰਲਡ ਪੰਜਾਬੀ ਟਾਈਮਜ਼ ਗੁਰਭਜਨ ਗਿੱਲ

ਦਰਿਆਵਾਂ ਵਿੱਚ ਕੀ ਕੁਝ ਰੁੜ੍ਹਿਆ ਰੱਤ ਦੇ ਤੁਪਕੇ ਬੋਲ ਰਹੇ ਨੇ।
ਬੀਤ ਗਏ ਦੀ ਦਰਦ ਕਹਾਣੀ, ਵਰਕਾ ਵਰਕਾ ਫੋਲ ਰਹੇ ਨੇ।

ਕੀ ਕੁਝ ਹੋਇਆ, ਕਿਸ ਨੇ ਕੀਤਾ ਸਰਬ ਸਮੇਂ ਦੀ ਹਿੱਕ ਤੇ ਲਿਖਿਆ,
ਸਬਕ ਲੈਣ ਦੀ ਥਾਂ ਤੇ "ਸੱਚ" ਨੂੰ ਹਾਕਮ ਫੇਰ ਮਧੋਲ ਰਹੇ ਨੇ।

ਇਹ ਕਿੱਧਰ ਦਾ ਸੱਚਾ ਸੌਦਾ, ਹੇ ਇਨਸਾਫ਼ ਤੂੰ ਕਿੱਥੇ ਲੁਕਿਆ,
ਕਾਤਲ ਤੇ ਮਕਤੂਲ ਨੂੰ ਮੁਨਸਿਫ ਇੱਕ ਤੱਕੜੀ ਵਿੱਚ ਤੋਲ ਰਹੇ ਨੇ।

ਅੰਨ੍ਹੀ ਤਾਕਤ ਦੇ ਵਿੱਚ ਅੰਨ੍ਹੇ ਇਸ ਗੱਲ ਨੂੰ ਕਿਉਂ ਭੁੱਲ ਜਾਂਦੇ ਨੇ,
ਹਥਿਆਰਾਂ ਦੇ ਨਾਲ ਕਮਾਏ ਤਾਜ ਸਦਾ ਕਿਸ ਕੋਲ਼ ਰਹੇ ਨੇ?

ਰਾਤਾਂ ਨੂੰ ਨਾ ਉੱਠ ਉੱਠ ਬਹਿੰਦੇ,ਓਹੀ ਆਪਣੀ ਨੀਂਦਰ ਸੌਂਦੇ,
ਤੇਜ਼ ਹਨ੍ਹੇਰੀ ਅੱਗੇ ਜਿਹੜੇ,ਸਾਬਤ ਕਦਮ ਅਡੋਲ ਰਹੇ ਨੇ।

ਬੜੇ ਸ਼ਿਕਾਰੀ ਆਏ, ਮਰ ਗਏ, ਹੋਰ ਬੜੇ ਵੀ ਲਾਉਣ ਨਿਸ਼ਾਨੇ,
ਸੁਪਨ-ਪਰਿੰਦੇ ਅੱਜ ਵੀ ਓਵੇ , ਅੰਬਰ ਵਿੱਚ ਪਰ ਤੋਲ ਰਹੇ ਨੇ।

ਸੂਲ਼ੀ ਟੰਗਿਆਂ ਦੇ ਧੀ ਪੁੱਤਰ, ਆਸ ਜਗਾ ਕੇ ਹੁਣ ਵੀ ਜਿਉਂਦੇ,
ਮੜ੍ਹੀਆਂ ਵਿੱਚੋਂ ਲਾਲ ਗੁਆਚੇ, ਦਿਨ ਤੇ ਰਾਤੀਂ ਟੋਲ਼ ਰਹੇ ਨੇ।

## 'ਬੇਟੀ ਬਚਾਓ, ਬੇਟੀ ਪੜ੍ਹਾਓ' ਤਹਿਤ ਲੜਕੀਆਂ ਲਈ ਮੁਫ਼ਤ ਸੈਲਫ-ਡਿਫੈਂਸ ਟ੍ਰੇਨਿੰਗ ਕੈਂਪ 13 ਤੋਂ 18 ਜੁਲਾਈ ਤੱਕ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 8 ਜੁਲਾਈ : ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਲੜਕੀਆਂ ਨੂੰ ਆਤਮ-ਨਿਰਭਰ, ਆਤਮ-ਵਿਸ਼ਵਾਸੀ ਅਤੇ ਸੁਰੱਖਿਅਤ ਬਣਾਉਣ ਦੇ ਉਦੇਸ਼ ਨਾਲ 'ਬੇਟੀ ਬਚਾਓ, ਬੇਟੀ ਪੜ੍ਹਾਓ' ਸਕੀਮ ਤਹਿਤ ਮੁਫ਼ਤ ਸੈਲਫ-ਡਿਫੈਂਸ (ਆਤਮ-ਰੱਖਿਆ) ਟ੍ਰੇਨਿੰਗ ਕੈਂਪ ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਅਤੇ ਜ਼ਿਲ੍ਹਾ ਖੇਡ ਅਫ਼ਸਰ, ਪਟਿਆਲਾ ਵੱਲੋਂ 13 ਜੁਲਾਈ ਤੋਂ 18 ਜੁਲਾਈ 2026 ਤੱਕ ਪੋਲੋ ਗਰਾਊਂਡ, ਪਟਿਆਲਾ ਵਿਖੇ ਸ਼ਾਮ 4:00 ਵਜੇ ਤੋਂ 5:00 ਵਜੇ ਤੱਕ ਕਰਵਾਇਆ ਜਾਵੇਗਾ।

ਇਸ ਟ੍ਰੇਨਿੰਗ ਕੈਂਪ ਵਿੱਚ ਭਾਗ ਲੈਣ ਦੀ ਇੱਛਾ ਰੱਖਣ ਵਾਲੀਆਂ ਲੜਕੀਆਂ ਲਈ ਗੂਗਲ ਫਾਰਮ ਰਾਹੀਂ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੈ। ਚਾਹਵਾਨ ਉਮੀਦਵਾਰ https://tinyurl.com/yc8yhyx5 'ਤੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੀਆਂ ਹਨ। ਰਜਿਸਟਰਡ ਉਮੀਦਵਾਰਾਂ ਨੂੰ 10 ਜੁਲਾਈ 2026 ਨੂੰ ਸ਼ਾਮ 4:00 ਵਜੇ ਪੋਲੋ ਗਰਾਊਂਡ, ਪਟਿਆਲਾ ਵਿਖੇ ਰਿਪੋਰਟ ਕਰਨ ਲਈ ਕਿਹਾ ਗਿਆ ਹੈ।

ਜ਼ਿਲ੍ਹਾ ਪ੍ਰਸ਼ਾਸਨ ਨੇ ਵੱਧ ਤੋਂ ਵੱਧ ਲੜਕੀਆਂ ਨੂੰ ਇਸ ਮੁਫ਼ਤ ਟ੍ਰੇਨਿੰਗ ਕੈਂਪ ਦਾ ਲਾਭ ਉਠਾਉਣ ਦੀ ਅਪੀਲ ਕੀਤੀ ਤਾਂ ਜੋ ਉਹ ਆਤਮ-ਰੱਖਿਆ ਦੇ ਹੁਨਰ ਸਿੱਖ ਕੇ ਹਰ ਸਥਿਤੀ ਵਿੱਚ ਆਤਮ-ਵਿਸ਼ਵਾਸ ਨਾਲ ਆਪਣੀ ਸੁਰੱਖਿਆ ਕਰ ਸਕਣ।

## ਪੰਜਵਾਂ ਅਦਬੀ ਅਤੇ ਕਲਾ ਉਤਸਵ ਮੈਲਬੌਰਨ 15 ਅਗਸਤ ਨੂੰ

ਵਰਲਡ ਪੰਜਾਬੀ ਟਾਈਮਜ਼




ਮੈਲਬੌਰਨ 8 ਜੁਲਾਈ : ਸਾਹਿਤਕ ਸੱਥ ਮੈਲਬੌਰਨ ਵੱਲੋਂ ਹਰ ਸਾਲ ਕਰਵਾਇਆ ਜਾਣ ਵਾਲਾ ਅਦਬੀ ਅਤੇ ਕਲਾ ਉਤਸਵ ਮੈਲਬੌਰਨ ਵਿਖੇ ਮਿਤੀ 15 ਅਗਸਤ ਦਿਨ ਸ਼ਨੀਵਾਰ ਨੂੰ ਕਰਵਾਇਆ ਜਾਵੇਗਾ। ਇਸ ਦੇ ਮੁੱਖ ਮਹਿਮਾਨ ਆਦਰਯੋਗ ਪੰਜਾਬ ਭਵਨ ਸਰੀ ਕਨੇਡਾ ਦੇ ਸੰਸਥਾਪਕ ਸੁੱਖੀ ਬਾਠ ਜੀ ਹੋਣਗੇ। ਪ੍ਰਧਾਨਗੀ ਮੰਡਲ ਵਿਚ ਪੰਜਾਬੀ ਦੀ ਨਾਮਵਰ ਸ਼ਾਇਰਾ ਸੁਖਵਿੰਦਰ ਅੰਮ੍ਰਿਤ ਜੀ ਕਵੀ ਦਰਬਾਰ ਦੀ ਪ੍ਰਧਾਨਗੀ ਕਰਨਗੇ ਅਤੇ ਇਪਸਾ ਦੇ ਸੰਸਥਾਪਕ ਪ੍ਰਗਤੀਸ਼ੀਲ ਸ਼ਾਇਰ ਸਰਬਜੀਤ ਸੋਹੀ ਸਨਮਾਨ ਸਮਾਰੋਹ ਦੀ ਪ੍ਰਧਾਨਗੀ ਕਰਨਗੇ। ਪ੍ਰਧਾਨਗੀ ਮੰਡਲ ਵਿਚ ਪ੍ਰਸਿੱਧ ਖੇਡ ਹਸਤੀ ਡਾ: ਹਰਪ੍ਰੀਤ ਸ਼ੇਰਗਿੱਲ ਜੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਇਸ ਸਾਲ ਦਾ ਸਾਹਿਤ ਦੇ ਖੇਤਰ ਵਿਚ ਜੀਵਨ ਭਰ ਦੀਆਂ ਪ੍ਰਾਪਤੀਆਂ ਅਤੇ ਸਾਹਿਤ ਲਈ ਪਾਏ ਯੋਗਦਾਨ ਲਈ ਦਿੱਤਾ ਜਾਣਾ ਵਾਲਾ ਵੱਕਾਰੀ ਪੁਰਸਕਾਰ ਨਾਮਵਰ ਆਲੋਚਕ ਡਾ: ਹਰਭਜਨ ਸਿੰਘ ਭਾਟੀਆ ਜੀ ਨੂੰ ਦਿੱਤਾ ਜਾਵੇਗਾ।

ਸਾਹਿਤਕ ਸੱਥ ਮੈਲਬੌਰਨ ਵੱਲੋਂ ਹਰ ਸਾਲ ਦਿੱਤੇ ਜਾਂਦੇ ਇਸ ਪੁਰਸਕਾਰ ਵਿਚ 1100 ਡਾਲਰ ਦੀ ਰਾਸ਼ੀ, ਸੋਵੀਨਾਰ ਅਤੇ ਇਕ ਲੋਈ ਸ਼ਾਮਲ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਸ਼ਾਇਰਾ ਸੁਖਵਿੰਦਰ ਅੰਮ੍ਰਿਤ, ਉਰਦੂ ਸ਼ਾਇਰ ਖੁਸ਼ਬੀਰ ਸਿੰਘ ਸ਼ਾਦ, ਕਵੀ ਅਤੇ ਚਿੰਤਕ ਜਸਵੰਤ ਜ਼ਫ਼ਰ ਅਤੇ ਸ਼ਾਇਰ ਸਰਬਜੀਤ ਸੋਹੀ ਨੂੰ ਇਹ ਪੁਰਸਕਾਰ ਦਿੱਤਾ ਜਾ ਚੁੱਕਾ ਹੈ। ਇਸ ਉਤਸਵ ਵਿੱਚ ਗੀਤਕਾਰੀ ਵਿਚ ਪਾਏ ਯੋਗਦਾਨ ਲਈ ਗੀਤਕਾਰ ਨਿਰਮਲ ਸਿੰਘ ਦਿਓਲ ਜੀ ਨੂੰ ਵੀ ਵਿਸ਼ੇਸ਼ ਸਨਮਾਨ ਪ੍ਰਦਾਨ ਕੀਤਾ ਜਾਵੇਗਾ।

ਹਰ ਸਾਲ ਆਯੋਜਿਤ ਹੁੰਦੇ ਇਸ ਸਮਾਗਮ ਵਿੱਚ ਸਾਹਿਤ ਤੋਂ ਇਲਾਵਾ ਲੋਕ-ਭਾਸ਼ਾ/ਖੋਜਕਾਰੀ, ਥੀਏਟਰ/ਫਿਲਮਕਾਰੀ, ਮੀਡੀਆ/ਪੱਤਰਕਾਰੀ ਅਤੇ ਲੋਕ ਨਾਚ/ਨ੍ਰਿਤਕਾਰੀ ਦੇ ਖੇਤਰਾਂ ਵਿੱਚ ਵੀ ਅਹਿਮ ਯੋਗਦਾਨ ਪਾਉਣ ਵਾਲਿਆਂ ਨੂੰ ਪੰਜਾਬ ਗੌਰਵ ਪੁਰਸਕਾਰ ਦਿੱਤੇ ਜਾਂਦੇ ਹਨ। ਇਸ ਸਾਲ ਤੋਂ ਪੰਜਵੀਂ ਕੈਟਾਗਰੀ ਲੋਕ-ਸੇਵਾ/ਪ੍ਰਬੰਧਕਾਰੀ ਵੀ ਇਸ ਪੁਰਸਕਾਰ ਨਾਲ ਜੋੜੀ ਗਈ ਹੈ। ਇਸ ਉਤਸਵ ਵਿਚ ਕਲਾ ਪ੍ਰਦਰਸ਼ਨੀ ਅਤੇ ਪੁਸਤਕ ਪ੍ਰਦਰਸ਼ਨੀ , ਲੋਕ ਸਾਜ਼ ਪ੍ਰਦਰਸ਼ਨੀ ਮੁੱਖ ਆਕਰਸ਼ਨ ਹੋਣਗੇ। ਸਮੂਹ ਮੈਂਬਰ ਸਾਹਿਤਕ ਸੱਥ ਮੈਲਬੌਰਨ ਤੁਹਾਡੀ ਸਭ ਦੀ ਹਾਜ਼ਰੀ ਦੀ ਆਦਰ ਸਹਿਤ ਉਡੀਕ ਕਰਨਗੇ। ਹੋਰ ਜਾਣਕਾਰੀ ਲਈ ਸੰਪਰਕ ਕਰ ਸਕਦੇ ਹੋ।

## ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.-2026) ਤਹਿਤ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਰਾਜਨੀਤਿਕ ਪਾਰਟੀਆਂ ਨਾਲ ਮੀਟਿੰਗ

ਵਰਲਡ ਪੰਜਾਬੀ ਟਾਈਮਜ਼




ਫ਼ਰੀਦਕੋਟ, 8 ਜੁਲਾਈ : ਭਾਰਤ ਦੇ ਚੋਣ ਕਮਿਸ਼ਨ ਨਵੀਂ ਦਿੱਲੀ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਪੰਜਾਬ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.-2026) ਦੀ ਪ੍ਰਕਿਰਿਆ ਜਾਰੀ ਹੈ। ਇਸੇ ਤਹਿਤ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ, ਆਈ.ਏ.ਐਸ. ਵੱਲੋਂ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਮਾਨਤਾ ਪ੍ਰਾਪਤ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ।

ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕਿਸੇ ਵੀ ਪੋਲਿੰਗ ਬੂਥ 'ਤੇ 1200 ਤੋਂ ਵੱਧ ਵੋਟਰ ਨਾ ਹੋਣ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫ਼ਰੀਦਕੋਟ ਦੇ ਸਾਰੇ ਪੋਲਿੰਗ ਬੂਥਾਂ 'ਤੇ ਇਸ ਹਦਾਇਤ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਗਈ ਹੈ ਅਤੇ ਹਰ ਪੋਲਿੰਗ ਸਟੇਸ਼ਨ 'ਤੇ ਘੱਟੋਂ ਘੱਟ ਲੋੜੀਂਦੀਆਂ ਸਹੂਲਤਾਂ ਵੀ ਯਕੀਨੀ ਬਣਾਈਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਲੋੜ ਅਨੁਸਾਰ ਜ਼ਿਲ੍ਹਾ ਫ਼ਰੀਦਕੋਟ ਵਿੱਚ ਨਵੇਂ ਪੋਲਿੰਗ ਸਟੇਸ਼ਨ ਸਥਾਪਤ ਕਰਨ ਦੀ ਤਜਵੀਜ਼ ਤਿਆਰ ਕੀਤੀ ਗਈ ਹੈ। ਇਸ ਅਨੁਸਾਰ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 511 ਤੋਂ ਵਧਾ ਕੇ 553 ਕਰਨ ਦਾ ਪ੍ਰਸਤਾਵ ਮੁੱਖ ਚੋਣ ਅਫ਼ਸਰ ਪੰਜਾਬ ਰਾਹੀਂ ਭਾਰਤ ਚੋਣ ਕਮਿਸ਼ਨ ਨਵੀਂ ਦਿੱਲੀ ਨੂੰ ਪ੍ਰਵਾਨਗੀ ਲਈ ਭੇਜਿਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ 87-ਫ਼ਰੀਦਕੋਟ ਵਿੱਚ 22 ਪੇਂਡੂ ਅਤੇ 3 ਸ਼ਹਿਰੀ, 88-ਕੋਟਕਪੂਰਾ ਵਿੱਚ 6 ਪੇਂਡੂ ਅਤੇ 6 ਸ਼ਹਿਰੀ, ਜਦਕਿ 89-ਜੈਤੋਂ ਵਿੱਚ 4 ਪੇਂਡੂ ਅਤੇ 1 ਸ਼ਹਿਰੀ ਸਮੇਤ ਜ਼ਿਲ੍ਹੇ ਵਿੱਚ ਕੁੱਲ 42 ਨਵੇਂ ਪੋਲਿੰਗ ਬੂਥ ਸਥਾਪਤ ਕਰਨ ਦੀ ਤਜਵੀਜ਼ ਹੈ।

ਮੀਟਿੰਗ ਵਿੱਚ ਜ਼ਿਲ੍ਹਾ ਚੋਣ ਤਹਿਸੀਲਦਾਰ ਸ੍ਰੀਮਤੀ ਪੂਨਮ ਸਿੱਧੂ, ਆਮ ਆਦਮੀ ਪਾਰਟੀ ਤੋਂ ਸ੍ਰੀ ਰਾਜਦੀਪ ਸਿੰਘ ਅਤੇ ਸ੍ਰੀ ਜਗਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਸ੍ਰੀ ਪਰਗਟ ਸਿੰਘ, ਸ੍ਰੀ ਲਖਵਿੰਦਰ ਸਿੰਘ, ਸ੍ਰੀ ਮਨਜਿੰਦਰ ਸਿੰਘ ਸਿਮਰੇਵਾਲਾ ਅਤੇ ਸ੍ਰੀ ਸ਼ਗਨਦੀਪ ਸਿੰਘ, ਭਾਰਤੀ ਜਨਤਾ ਪਾਰਟੀ ਤੋਂ ਸ੍ਰੀ ਮੇਜਰ ਸਿੰਘ ਅਤੇ ਸ੍ਰੀ ਸੁਰਿੰਦਰ ਸਿੰਘ, ਕਮਿਊਨਿਸਟ ਪਾਰਟੀ ਆਫ਼ ਇੰਡੀਆ (ਐੱਮ) ਤੋਂ ਸ੍ਰੀ ਠਾਕਰ ਸਿੰਘ ਹਾਜ਼ਰ ਸਨ।

## ਪੀ.ਏ.ਯੂ. ਦੇ ਵਿਦਿਆਰਥੀ ਦੀ ਭਾਰਤੀ ਫੌਜ ਵਿਚ ਉੱਚ ਅਧਿਕਾਰੀ ਵਜੋਂ ਨਿਯੁਕਤੀ ਹੋਈ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 8 ਜੁਲਾਈ : ਪੀ.ਏ.ਯੂ. ਦੇ ਖੇਤੀਬਾੜੀ ਕਾਲਜ ਤੋਂ 2023 ਵਿਚ ਬੀ ਐੱਸ ਸੀ ਐਗਰੀਕਲਚਰ (ਆਨਰਜ਼) ਦੀ ਪੜ੍ਹਾਈ ਪੂਰੀ ਕਰਨ ਵਾਲੇ ਵਿਦਿਆਰਥੀ ਲਵਕਰਨ ਸਿੰਘ ਨੇ ਸੰਯੁਕਤ ਰੱਖਿਆ ਸੇਵਾਵਾਂ ਪ੍ਰੀਖਿਆ ਪਾਸ ਕਰ ਲਈ ਹੈ| ਇਸ ਤਰ੍ਹਾਂ ਉਹ ਭਾਰਤੀ ਫੌਜ ਵਿਚ ਉੱਚ ਅਧਿਕਾਰੀ ਵਜੋਂ ਨਿਯੁਕਤੀ ਦਾ ਹੱਕਦਾਰ ਬਣਿਆ ਹੈ| ਉਸਨੇ ਇੰਡੀਅਨ ਮਿਲਟਰੀ ਅਕਾਦਮੀ ਦੇਹਰਾਦੂਨ ਵਿਖੇ ਆਪਣੀ ਮੁੱਢਲੀ ਸਿਖਲਾਈ ਸਫਲਤਾ ਨਾਲ ਸੰਪੰਨ ਕੀਤੀ| ਬੀਤੇ ਦਿਨੀ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਨੇ ਲਵਕਰਨ ਸਿੰਘ ਨੂੰ ਭਾਰਤੀ ਫੌਜ ਵਿਚ ਉੱਚ ਅਧਿਕਾਰੀ ਵਜੋਂ ਨਿਯੁਕਤੀ ਦੇ ਅਧਿਕਾਰ ਪੱਤਰ ਦਿੱਤੇ| ਉਸਦੀ ਨਿਯੁਕਤੀ ਲੈਂਫਟੀਨੈਂਟ ਵਜੋਂ ¾ ਗੋਰਖਾ ਰਾਈਫਲਜ਼ ਰੈਜੀਮੈਂਟ ਵਿਚ ਹੋਈ|

ਜ਼ਿਕਰਯੋਗ ਹੈ ਕਿ ਸ਼੍ਰੀ ਲਵਕਰਨ ਸਿੰਘ ਪੀ.ਏ.ਯੂ. ਦਾ ਵਿਦਿਆਰਥੀ ਹੀ ਨਹੀਂ ਬਲਕਿ ਉਸਦੇ ਪਿਤਾ ਸ. ਸੋਹਨ ਸਿੰਘ ਪੀ.ਏ.ਯੂ. ਦੇ ਮੁਲਾਜ਼ਮ ਵੀ ਹਨ| ਉਹ ਨਿਰਦੇਸ਼ਕ ਪਸਾਰ ਸਿੱਖਿਆ ਦੇ ਨਿੱਜੀ ਸਹਾਇਕ ਦੇ ਤੌਰ ਤੇ ਕਾਰਜਸ਼ੀਲ ਹਨ| ਇਸ ਵਿਦਿਆਰਥੀ ਨੇ ਆਪਣੀ ਮੱੁਢਲੀ ਪੜ੍ਹਾਈ ਲੁਧਿਆਣਾ ਦੇ ਵੱਖ-ਵੱਖ ਸਕੂਲਾਂ ਤੋਂ ਹਾਸਲ ਕੀਤੀ ਅਤੇ ਪੀ.ਏ.ਯੂ. ਵਿਖੇ ਬੀ ਐੱਸ ਸੀ ਕਰਦਿਆਂ ਉੱਥੇ ਫਸਲ ਵਿਗਿਆਨੀ ਡਾ. ਸਿਮਰਜੀਤ ਕੌਰ ਦੀ ਨਿਗਰਾਨੀ ਹੇਠ ਬੀ ਐੱਸ ਸੀ ਦੀ ਲੋੜੀਂਦੀ ਖੋਜ ਵੀ ਸੰਪੰਨ ਕੀਤੀ|

ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ, ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਅਤੇ ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਨੇ ਇਸ ਪ੍ਰਾਪਤੀ ਲਈ ਲਵਕਰਨ ਸਿੰਘ ਨੂੰ ਵਧਾਈ ਦਿੰਦਿਆਂ ਉਸਦੇ ਬਿਹਤਰ ਭਵਿੱਖ ਦੀ ਕਾਮਨਾ ਕੀਤੀ|